# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 29-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਸਰਕਾਰ 21ਵੀਂ ਸਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ ਬਣਾ ਰਹੀ ਏ। ਉਨ੍ਹਾਂ ਕਿਹਾ ਕਿ ਕੇਂਦਰ, ਦੇਸ਼ ਦੇ ਹਰ ਵਿਦਿਆਰਥੀ ਦੀ ਪਹੁੰਚ 'ਚ ਵਿਸ਼ਵ ਪੱਧਰੀ ਗਿਆਨ ਲਿਆ ਰਿਹਾ ਏ। ਸ਼੍ਰੀ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ YUGM ਸੰਮੇਲਨ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਉਨ੍ਹਾਂ ਨੇ ਭਰੋਸਾ ਜ਼ਾਹਰ ਕੀਤਾ ਕਿ YUGM ਸੰਮੇਲਨ ਭਾਰਤ ਦੀਆਂਨਵੀਆਂ ਕਾਢਾਂ ਦੀ ਸਮਰੱਥਾ ਨੂੰ ਵਧਾਉਣ 'ਚ ਦੇਸ਼ ਦੀਆਂ ਕੋਸ਼ਿਸ਼ਾਂ ਨੂੰ ਹੋਰ ਬਲ ਦੇਵੇਗਾ।

**BYTE**

ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਦੇਸ਼ ਦਾ ਭਵਿੱਖ ਉਸਦੇ ਨੌਜਵਾਨਾਂ 'ਤੇ ਨਿਰਭਰ ਕਰਦਾ ਏ, ਇਸ ਲਈ ਉਨ੍ਹਾਂ ਨੂੰ ਭਾਰਤ ਦੇ ਰੌਸ਼ਨ ਭਵਿੱਖ ਲਈ ਤਿਆਰ ਕਰਨਾ ਬਹੁਤ ਜ਼ਰੂਰੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇਸ਼ ਵਿੱਚ ਤਬਦੀਲੀ ਲਿਆ ਰਹੀ ਏ।

---------------------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਏ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਨੂੰ ਵਿੱਤੀ ਸਾਲ 2025-26 ਵਿੱਚ ਰਾਜ ਸਰਕਾਰ ਤੋਂ 40 ਕਰੋੜ ਰੁਪਏ ਦੀ **ਪੂੰਜੀ** ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਮਾਲੀ ਵਰ੍ਹੇ 2024-25 ਵਿੱਚ 20 ਕਰੋੜ ਰੁਪਏ ਦੀ ਗ੍ਰਾਂਟ ਨਾਲ ਖੇਤੀਬਾੜੀ ਖੋਜ ਅਤੇ ਅਕਾਦਮਿਕ ਬੁਨਿਆਦੀ ਢਾਂਚੇ ਨੂੰ ਅੱਗੇ ਵਧਾਉਣ ਲਈ ਪੀਏਯੂ ਦੇ ਯਤਨਾਂ ਨੂੰ ਲੋੜੀਂਦਾ ਹੁਲਾਰਾ ਦਿੱਤਾ ਗਿਆ ਏ। ਖਜ਼ਾਨਾ ਮੰਤਰੀ ਨੇ ਇਹ ਐਲਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਸਥਾਪਿਤ ਕੀਤੇ ਗਏ 'ਐਗਰੋ ਪ੍ਰੋਸੈਸਿੰਗ ਕੰਪਲੈਕਸ' ਦਾ ਉਦਘਾਟਨ ਕਰਨ ਮੌਕੇ ਕੀਤਾ, ਜੋ ਕਿ 46 ਲੱਖ ਰੁਪਏ ਦੀ ਮਸ਼ੀਨਰੀ ਨਾਲ ਲੈਸ ਅਤਿ-ਆਧੁਨਿਕ ਕੰਪਲੈਕਸ ਏ । ਉਨ੍ਹਾਂ ਇਸ ਮੌਕੇ 2 ਕਰੋੜ ਰੁਪਏ ਦੀ ਲਾਗਤ ਨਾਲ ਬਨਣ ਵਾਲੇ ਉੱਚ ਪੱਧਰੀ ਪ੍ਰੋਜੈਕਟ 'ਪਲਾਂਟ ਐਕਲੀਮੇਟਾਈਜ਼ੇਸ਼ਨ ਫੈਸਿਲਿਟੀ' ਅਤੇ ਜੀਨ ਬੈਂਕ ਦਾ ਨੀਂਹ ਪੱਥਰ ਵੀ ਰੱਖਿਆ।

---------------------------------------------------------------------

ਪੰਜਾਬ ਵਿੱਚ, 100 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਮੰਡੀਆਂ ਵਿੱਚ ਪਹੁੰਚੀ ਏ ਜਿਸ ਵਿੱਚੋਂ ਕੱਲ੍ਹ ਸ਼ਾਮ ਤੱਕ 97 ਲੱਖ ਮੀਟ੍ਰਿਕ ਟਨ ਦੀ ਖਰੀਦ

ਕੀਤੀ ਜਾ ਚੁੱਕੀ ਏ। ਇਸ ਵਿੱਚ ਇੱਕ ਦਿਨ ਵਿੱਚ 5 ਲੱਖ ਮੀਟ੍ਰਿਕ ਟਨ ਤੋਂ ਵੱਧ ਦੀ ਲਿਫਟਿੰਗ ਸ਼ਾਮਲ ਏ । ਹਲਕਿਆਂ ਮੁਤਾਬਿਕ, 5 ਲੱਖ 84 ਹਜ਼ਾਰ ਕਿਸਾਨਾਂ ਨੇ ਮੰਡੀਆਂ ਵਿੱਚ ਆਪਣੀ ਕਣਕ ਵੇਚ ਦਿੱਤੀ ਏ ਅਤੇ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਰਕਮ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਚੁੱਕੀ ਏ। ਸੂਬੇ ਦੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ, ਲਾਲ ਚੰਦ ਕਟਾਰੂਚੱਕ ਨੇ ਕੱਲ੍ਹ ਰਾਜ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਇੱਕ ਵੀਡੀਓ ਕਾਨਫਰੰਸ ਰਾਹੀਂ ਸਥਿਤੀ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਬਿਨਾਂ ਕਿਸੇ ਮੁਸ਼ਕਲ ਦੇ ਖਰੀਦ ਅਤੇ ਲਿਫਟਿੰਗ ਤੇ ਸਾਰੀਆਂ ਬੁਨਿਆਦੀ ਸਹੂਲਤਾਂ ਦਾ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ ।

---------------------------------------------------------------------------

ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ 'ਤੇ ਸਖ਼ਤ ਕਾਰਵਾਈ ਜਾਰੀ ਰੱਖਦਿਆਂ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੁਲਿਸ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਡੇਰਾਬੱਸੀ ਦੇ ਪਿੰਡ **ਅਮਲਾਲਾ** ਵਿੱਚ ਨਾਮੀ ਨਸ਼ਾ ਤਸਕਰ ਸਲੀਮ ਖਾਨ ਵੱਲੋਂ ਇੱਕ ਵਿੱਘੇ ਵਿੱਚ ਗੈਰ-ਕਾਨੂੰਨੀ ਤੌਰ 'ਤੇ ਕੀਤੀ ਉਸਾਰੀ ਨੂੰ ਢਹਿ ਢੇਰੀ ਕਰ ਦਿੱਤਾ ਏ। ਇਹ ਕਾਰਵਾਈ

ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਐਸ ਐਸ ਪੀ **ਦੀਪਕ ਪਾਰੀਕ** ਦੇ ਹੁਕਮਾਂ ਤੇ ਅਮਲ ਵਿੱਚ ਲਿਆਂਦੀ ਗਈ ਏ। ਐਸ ਐਸ ਪੀ ਅਨੁਸਾਰ ਜ਼ਿਲ੍ਹਾ ਪੁਲਿਸ ਵੱਲੋਂ ਕੀਤੀ ਗਈ ਇਹ ਸਖ਼ਤ ਕਾਰਵਾਈ ਇਸ ਗੱਲ ਦਾ ਸਪੱਸ਼ਟ ਸੰਦੇਸ਼ ਏ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਤਸਕਰੀ ਨੂੰ ਬਿਲਕੁਲ ਵੀ ਨਾ ਬਰਦਾਸ਼ਤ ਕਰਨ ਦੀ ਨੀਤੀ ਅਪਣਾਈ ਗਈ ਏ।

---------------------------------------------------------------------------

ਅੱਜ ਦੇਸ਼ ਭਰ ਵਿਚ ਭਗਵਾਨ ਪਰਸ਼ੂਰਾਮ ਜਯੰਤੀ ਪੂਰੀ ਸ਼ਰਧਾ ਤੇ ਧਾਰਮਿਕ ਉਤਸ਼ਾਹ ਨਾਲ ਮਨਾਈ ਜਾ ਰਹੀ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਰਸ਼ੂਰਾਮ ਜਯੰਤੀ ਦੇ ਮੌਕੇ 'ਤੇ ਦੇਸ਼ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਪ੍ਰਗਟ ਕੀਤੀ ਕਿ ਸ਼ਸਤਰ ਕਲਾ ਦੇ ਹੁਨਰ ਅਤੇ ਧਾਰਮਿਕ ਗ੍ਰੰਥਾਂ ਦੇ ਵਿਦਵਾਨ ਭਗਵਾਨ ਪਰਸ਼ੂਰਾਮ ਦਾ ਆਸ਼ੀਰਵਾਦ ਹਰ ਕਿਸੇ ਦੇ ਜੀਵਨ ਨੂੰ ਉਤਸ਼ਾਹ ਅਤੇ ਸ਼ਕਤੀ ਨਾਲ ਭਰੇਗਾ ।

---------------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ. ਮੀਟਿੰਗ ਦੌਰਾਨ ਓਹਨਾਂ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹੇ ਅੰਦਰ ਮਲੇਰੀਏ ਅਤੇ

ਡੇਂਗੂ ਦੇ ਖਾਤਮੇ ਲਈ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਲਗਾਤਾਰ ਨਿਰਵਿਘਨ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ। ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਮੀਟਿੰਗ ‘ਚ ਜਾਣਕਾਰੀ ਦਿੱਤੀ ਕਿ ਪਿਛਲੇ 2 ਸਾਲਾਂ ਦੌਰਾਨ ਜ਼ਿਲ੍ਹੇ ’ਚ ਮਲੇਰੀਏ ਦਾ ਕੋਈ ਵੀ ਕੇਸ ਸਾਹਮਣੇ ਨਹੀਂ ਆਇਆ। ਦੀਪ੍ਰੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਕੂਲਾਂ ਅੰਦਰ ਪ੍ਰਿੰਸੀਪਲਾਂ, ਹੈਡ ਮਾਸਟਰਾਂ ਤੋਂ ਇਲਾਵਾ 5ਵੀਂ ਜਮਾਤ ਤੋਂ ਉਪਰ ਦੇ ਵਿਦਿਆਰਥੀਆਂ ਨੂੰ ਮਲੇਰੀਏ ਅਤੇ ਡੇਂਗੂ ਆਦਿ ਫੈਲਣ ਤੇ ਇਸ ਦੀ ਰੋਕਥਾਮ ਬਾਰੇ ਵਿਸਥਾਰਪੂਰਵਕ ਜਾਣੂ ਕਰਵਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਹਰ ਸ਼ੁੱਕਰਵਾਰ ਨੂੰ ਡਰਾਈ ਡੇ ਮੁਹਿੰਮ ਨੂੰ ਵੀ ਲਗਾਤਾਰ ਜਾਰੀ ਰੱਖਿਆ ਜਾਵੇ।  ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਘਰਾਂ ਅੰਦਰ ਫਰਿੱਜਾਂ ‘ਚ ਫਾਲਤੂ ਪਾਣੀ ਨਾ ਜਮ੍ਹਾਂ ਹੋਣ ਦਿੱਤਾ।ਡਿਪਟੀ ਕਮਿਸ਼ਨਰ ਨੇ ਦਿਹਾਤੀ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਿੰਡਾਂ ਅੰਦਰ ਛੱਪੜਾਂ ਤੇ ਟੋਇਆਂ ਆਦਿ ਵਿੱਚ ਖੜ੍ਹੇ ਪਾਣੀ ਦੀ ਚੈਕਿੰਗ ਕੀਤੀ ਜਾਵੇ ਤਾਂ ਜੋ ਲਾਰਵੇਂ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਸਮੇਂ-ਸਮੇਂ ‘ਤੇ ਫਾਗਿੰਗ ਕਰਨੀ ਲਾਜ਼ਮੀ ਬਣਾਈ ਜਾਵੇ

---------------------------------------------------------------------

ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦਿਨ ਦੇ ਨਾਲ-ਨਾਲ ਰਾਤ ਨੂੰ ਸਫਾਈ ਮੁਹਿੰਮ ਚਲਾਈ ਜਾ ਰਹੀ ਏ। ਇਸੇ ਤਹਿਤ ਬੀਤੀ ਰਾਤ ਨਗਰ ਵੱਲੋਂ ਵੱਖ-ਵੱਖ ਥਾਵਾਂ ਦੀ ਸਾਫ ਸਫਾਈ ਕੀਤੀ ਗਈ । ਇਹ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ, ਰਜਨੀਸ਼ ਗਿਰਧਰ ਨੇ ਦੱਸਿਆ ਕਿ ਸੜਕਾਂ ‘ਤੇ ਦਿਨ ਦੇ ਸਮੇਂ ਕਾਫੀ ਟ੍ਰੈਫਿਕ ਹੁੰਦਾ ਏ, ਜਿਸ ਨੂੰ ਦੇਖਦਿਆਂ ਰਾਤ ਸਮੇਂ ਇਹ ਸਫਾਈ ਕਾਰਜ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਹੁਣ ਇਸ ਤਰ੍ਹਾਂ ਸੜਕਾਂ ਤੇ ਆਲੇ-ਦੁਆਲੇ ਦੀ ਸਾਫ-ਸਫਾਈ ਨਾਲ ਲੋਕਾਂ ਨੂੰ ਸਵੇਰੇ ਸਾਫ ਤੇ ਸ਼ੁੱਧ ਵਾਤਾਵਰਨ ਮਿਲੇਗਾ। ਉਨ੍ਹਾਂ ਸ਼ਹਿਰ ਵਾਸੀਆ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਅਤੇ ਦੁਕਾਨਾਂ ਦਾ ਗਿੱਲਾ ਅਤੇ ਸੁੱਕਾ ਕੂੜਾ ਵੱਖਰਾ-ਵੱਖਰਾ ਕਰ ਕੇ ਹੀ ਸਫਾਈ ਸੇਵਕਾਂ ਨੂੰ ਦੇਣ। ਇਸ ਤੋਂ ਇਲਾਵਾ ਪਾਬੰਦੀਸ਼ੁਦਾ ਪਲਾਸਟਿਕ ਤੇ ਲਿਫਾਫਿਆਂ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਬਾਜ਼ਾਰ ਖਰੀਦਦਾਰੀ ਕਰਦੇ ਸਮੇਂ ਕੱਪੜੇ ਦਾ ਥੈਲਾ ਨਾਲ ਲਿਜਾਇਆ ਜਾਵੇ । ਉਨ੍ਹਾਂ ਕਿਹਾ ਕਿ ਇਹ ਮੁਹਿੰਮ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੋ ਸਕਦੀ ਏ। ਇਸ ਕਰਕੇ ਨਗਰ ਕੌਂਸਲ ਦੇ ਸਫਾਈ-ਸੇਵਕਾਂ ਨਾਲ ਸਹਿਯੋਗ ਕਰਕੇ ਕੂੜਾ ਕਰਕਟ ਖੁੱਲ੍ਹੇ ਵਿੱਚ ਸੜਕਾਂ ‘ਤੇ ਨਾ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਵੱਲੋਂ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਰਾਜ ਕੁਮਾਰ ਦੀਪੂ ਦੀ ਨਿਗਰਾਨੀ ਹੇਠ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆ ਗਈਆ ਨੇ ਜੋ ਰੋਜ਼ਾਨਾ ਰਾਤ ਨੂੰ

ਸਾਫ਼-ਸਫ਼ਾਈ ਦਾ ਕੰਮ ਸੰਭਾਲ ਰਹੀਆਂ ਨੇ ਤਾਂ ਜੋ ਸ਼ਹਿਰ ਦੀ ਖੂਬਸੂਰਤੀ ਨੂੰ ਕਾਇਮ ਰੱਖਿਆ ਜਾ ਸਕੇ।